# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ :11-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸੰਸਦ ਦੀਆਂ ਦੋਹਾਂ ਸਭਾਵਾਂ ਦੀ ਕਾਰਵਾਈ, ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਕਾਰਨ, ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਏ।

- NDA ਨੇ ਝਾਰਖੰਡ ਵਿੱਚ ਵਿਦਿਆਰਥੀਆਂ ਵਿਰੁੱਧ ਕਥਿਤ ਪੁਲਿਸ ਕਾਰਵਾਈ ਦੇ ਵਿਰੋਧ ਵਿੱਚ, ਅੱਜ ਸੰਸਦ ਕੰਪਲੈਕਸ ਵਿੱਚ ਇੱਕ ਮਾਰਚ ਕੱਢਿਆ।

- ਸਰਕਾਰ ਨੇ ਦੱਸਿਆ ਏ ਕਿ 'ਪ੍ਰਧਾਨ ਮੰਤਰੀ ਸੂਰਿਆ ਘਰ ਮੁਫ਼ਤ ਬਿਜਲੀ ਯੋਜਨਾ' ਤਹਿਤ ਹੁਣ ਤੱਕ 50 ਲੱਖ ਤੋਂ ਵੱਧ ਪਰਿਵਾਰਾਂ ਨੂੰ ਲਾਭ ਮਿਲਿਆ ਏ।

- ਸਰਕਾਰ ਨੇ ਕਿਹਾ ਏ ਕਿ ਦੇਸ਼ ਭਰ ਵਿੱਚ, ਹੁਣ ਤੱਕ 10 ਕਰੋੜ 33 ਲੱਖ ਤੋਂ ਵੱਧ ਕਿਸਾਨ I.Ds ਬਣਾਈਆਂ ਜਾ ਚੁਕੀਆਂ ਨੇ।

- ਕੋਲੰਬੀਆ ਵਿੱਚ ਆਏ 7.4 ਤੀਬਰਤਾ ਵਾਲੇ ਸ਼ਕਤੀਸ਼ਾਲੀ ਭੂਚਾਲ ਵਿੱਚ, 132 ਲੋਕਾਂ ਦੀ ਮੌਤ ਹੋ ਗਈ ਏ ਅਤੇ 570 ਹੋਰ ਜ਼ਖ਼ਮੀ ਹੋਏ ਨੇ।

## *ਹੁਣ ਖਬਰਾਂ ਵਿਸਥਾਰ ਨਾਲ*

ਸੰਸਦ ਦੀਆਂ ਦੋਹਾਂ ਸਭਾਵਾਂ ਦੀ ਕਾਰਵਾਈ, ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਕਾਰਨ, ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਏ।

ਲੋਕ ਸਭਾ ਦੇ ਸਪੀਕਰ ਓਮ ਬਿੜਲਾ ਨੇ ਅੱਜ ਸਵੇਰੇ ਕਾਰਵਾਈ ਸ਼ੁਰੂ ਹੋਣ 'ਤੇ ਪ੍ਰਸ਼ਨ ਕਾਲ ਸ਼ੁਰੂ ਕਰਨ ਦੀ ਕੋਸ਼ਿਸ਼ ਕੀਤੀ, ਪਰ ਵਿਰੋਧੀ ਧਿਰ ਦੇ ਮੈਂਬਰਾਂ ਨੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਕਥਿਤ ਪੁਲਿਸ ਕਾਰਵਾਈ ਦਾ ਮੁੱਦਾ ਉਠਾਇਆ। ਉਨ੍ਹਾਂ ਨੇ ਇਸ ਸਬੰਧ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਬਿਆਨ ਦੀ ਮੰਗ ਕੀਤੀ।

ਸ੍ਰੀ ਬਿੜਲਾ ਨੇ ਕਿਹਾ ਕਿ ਸੰਸਦੀ ਮਾਮਲਿਆਂ ਬਾਰੇ ਮੰਤਰੀ, ਕਿਰੇਨ ਰਿਜੀਜੂ ਨੇ ਕੱਲ੍ਹ ਸਪੱਸ਼ਟ ਕੀਤਾ ਸੀ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਦਿਆਰਥੀਆਂ ਨਾਲ ਸਬੰਧਤ ਮੁੱਦਿਆਂ 'ਤੇ ਸਵਾਲਾਂ ਦੇ ਜਵਾਬ

ਦੇਣ ਲਈ ਤਿਆਰ ਨੇ। ਸਦਨ ਦੇ ਸੁਚਾਰੂ ਕੰਮਕਾਜ ਵਿੱਚ ਸਹਿਯੋਗ ਦੀ ਅਪੀਲ ਕਰਦਿਆਂ, ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੀਆਂ ਦੋਵੇਂ ਮੁੱਖ ਮੰਗਾਂ ਪ੍ਰਵਾਨ ਕਰ ਲਈਆਂ ਗਈਆਂ ਨੇ। ਸਪੀਕਰ ਨੇ ਕਿਹਾ ਕਿ ਪ੍ਰਸ਼ਨ ਕਾਲ, ਸਭ ਤੋਂ ਮਹੱਤਵਪੂਰਨ ਸਮਾਂ ਏ, ਕਿਉਂਕਿ ਇਹ ਸਰਕਾਰ ਦੀ ਜਵਾਬਦੇਹੀ ਨੂੰ ਯਕੀਨੀ ਬਣਾਉਂਦਾ ਏ।

**BYTE: OM BIRLA**

ਸਪੀਕਰ ਨੇ ਵਾਰ-ਵਾਰ ਪੈ ਰਹੇ ਵਿਘਨਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ, ਉਨ੍ਹਾਂ ਨੂੰ ਨਿੱਜੀ ਤੌਰ 'ਤੇ ਇਸ ਤੋਂ ਦੁੱਖ ਹੋਇਆ ਏ। ਹੰਗਾਮਾ ਜਾਰੀ ਰਹਿਣ 'ਤੇ ਸਪੀਕਰ ਨੇ ਸਦਨ ਦੀ ਕਾਰਵਾਈ ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ।

ਰਾਜ ਸਭਾ ਵਿੱਚ ਵੀ ਇਸੇ ਤਰ੍ਹਾਂ ਦੀ ਸਥਿਤੀ ਦੇਖਣ ਨੂੰ ਮਿਲੀ। ਦੁਪਹਿਰ 12 ਵਜੇ ਪਹਿਲੀ ਵਾਰ ਮੁਲਤਵੀ ਹੋਣ ਤੋਂ ਬਾਅਦ, ਜਦੋਂ ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਈ ਤਾਂ ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਵਿਰੋਧੀ ਧਿਰ ਦੇ ਹੰਗਾਮੇ ਦਰਮਿਆਨ ਪ੍ਰਸ਼ਨ ਕਾਲ ਸ਼ੁਰੂ ਕੀਤਾ, ਪਰ ਨਾਅਰੇਬਾਜ਼ੀ ਕਾਰਨ ਇਹ ਨਹੀਂ ਹੋ ਸਕਿਆ। ਹੰਗਾਮੇ ਦਰਮਿਆਨ, ਸਭਾਪਤੀ ਨੇ ਸਦਨ ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤਾ।

ਇਸ ਤੋਂ ਪਹਿਲਾਂ, ਜਦੋਂ ਸਦਨ ਸਵੇਰੇ 11 ਵਜੇ ਜੁੜਿਆ ਤਾਂ ਮੰਤਰੀਆਂ ਨੇ ਆਪੋ-ਆਪਣੇ ਮੰਤਰਾਲਿਆਂ ਦੇ ਦਸਤਾਵੇਜ਼ ਸਭਾ ਵਿੱਚ ਰੱਖੇ।

----------------------------------------------------------------------

ਨਵੀਂ ਦਿੱਲੀ ਵਿੱਚ ਸੰਸਦ ਭਵਨ ਕੰਪਲੈਕਸ ਵਿਖੇ ਅੱਜ ਰਾਸ਼ਟਰੀ ਲੋਕਤੰਤਰੀ ਗਠਜੋੜ (NDA) ਦੀ ਸੰਸਦੀ ਪਾਰਟੀ ਦੀ ਹਫ਼ਤਾਵਾਰੀ 'ਮੰਗਲ ਮਿਲਨ' ਮੀਟਿੰਗ ਹੋਈ। ਇਸ ਮੀਟਿੰਗ ਦੌਰਾਨ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਿਹ ਮੰਤਰੀ ਅਮਿਤ ਸ਼ਾਹ, ਬੀਜੇਪੀ ਪ੍ਰਧਾਨ Nitin Nabin ਅਤੇ ਹੋਰ ਆਗੂਆਂ ਨੇ ਰਾਸ਼ਟਰੀ ਝੰਡਾ ਲਹਿਰਾਇਆ।

----------------------------------------------------------------------

ਰਾਸ਼ਟਰੀ ਲੋਕਤੰਤਰੀ ਗੱਠਜੋੜ (NDA) ਨੇ ਅੱਜ ਝਾਰਖੰਡ ਵਿੱਚ ਵਿਦਿਆਰਥੀਆਂ ਵਿਰੁੱਧ ਕਥਿਤ ਪੁਲਿਸ ਕਾਰਵਾਈ ਦੇ ਵਿਰੋਧ ਵਿੱਚ ਸੰਸਦ ਕੰਪਲੈਕਸ ਵਿੱਚ ਇੱਕ ਮਾਰਚ ਕੀਤਾ। ਇਹ ਮਾਰਚ NDA ਸੰਸਦੀ ਪਾਰਟੀ ਦੀ ਹਫਤਾਵਾਰੀ ਮੰਗਲ ਮਿਲਨ ਮੀਟਿੰਗ ਤੋਂ ਬਾਅਦ ਹੋਇਆ।

ਕੇਂਦਰੀ ਮੰਤਰੀ ਅਨੁਪ੍ਰਿਆ ਪਟੇਲ ਨੇ ਵਿਰੋਧੀ ਧਿਰ 'ਤੇ ਜਾਣਬੁੱਝ ਕੇ ਸੰਸਦ ਵਿੱਚ ਵਿਘਨ ਪਾਉਣ ਦਾ ਇਲਜ਼ਾਮ ਲਗਾਇਆ। ਮੀਡੀਆ ਨਾਲ ਗੱਲ ਕਰਦਿਆਂ, ਸ਼੍ਰੀਮਤੀ ਪਟੇਲ ਨੇ ਕਿਹਾ ਕਿ ਵਿਰੋਧੀ ਧਿਰ ਨੇ ਪਹਿਲਾਂ ਪੇਪਰ ਲੀਕ ਦਾ ਮੁੱਦਾ ਉਠਾਇਆ ਅਤੇ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਕੀਤੀ, ਜਿਸਨੂੰ ਸਰਕਾਰ ਨੇ ਸਵੀਕਾਰ ਕਰ ਲਿਆ। ਇਸ ਦੇ ਬਾਵਜੂਦ, ਵਿਰੋਧੀ ਪਾਰਟੀਆਂ ਚਰਚਾ ਲਈ ਤਿਆਰ ਨਹੀਂ ਨੇ।

**BYTE: ANUPRIYA PATEL**

--------------------------------------------------------------------

ਬੀਜੇਪੀ ਦੇ ਜਨਰਲ ਸਕੱਤਰ ਅਤੇ ਰਾਜ ਸਭਾ ਮੈਂਬਰ ਤਰੁਣ ਚੁਘ ਨੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ 'ਤੇ ਵਿਦਿਆਰਥੀ ਮੁੱਦਿਆਂ 'ਤੇ ਦੋਹਰਾ ਮਾਪਦੰਡ ਅਪਣਾਉਣ ਦਾ ਇਲਜ਼ਾਮ ਲਗਾਇਆ। ਆਕਾਸ਼ਵਾਣੀ ਨਿਊਜ਼ ਨਾਲ ਗੱਲ ਕਰਦਿਆਂ, ਸ੍ਰੀ ਚੁਘ ਨੇ ਝਾਰਖੰਡ ਵਿੱਚ ਵਿਦਿਆਰਥੀਆਂ ਵਿਰੁੱਧ ਪੁਲਿਸ ਕਾਰਵਾਈ ਨੂੰ ਮੰਦਭਾਗਾ ਦੱਸਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ, ਦੇਸ਼ ਇਸਨੂੰ ਬਰਦਾਸ਼ਤ ਨਹੀਂ ਕਰੇਗਾ।

--------------------------------------------------------------------

ਸੁਪਰੀਮ ਕੋਰਟ ਨੇ ਅੱਜ ਪੱਛਮੀ ਬੰਗਾਲ ਦੀਆਂ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (SIR) ਦੌਰਾਨ, ਵੋਟਰਾਂ ਦੇ ਨਾਮ ਹਟਾਉਣ ਸੰਬੰਧੀ, ਚੋਣ ਕਮਿਸ਼ਨ ਦੀਆਂ ਪਟੀਸ਼ਨਾਂ 'ਤੇ ਸੁਣਵਾਈ ਕੀਤੀ। ਅਦਾਲਤ ਨੇ ਕਮਿਸ਼ਨ ਨੂੰ ਨਿਯੁਕਤ ਟ੍ਰਿਬਿਊਨਲਾਂ ਵੱਲੋਂ ਨਿਪਟਾਈਆਂ ਗਈਆਂ ਅਪੀਲਾਂ ਦੇ ਵੇਰਵੇ ਪ੍ਰਦਾਨ ਕਰਨ ਲਈ ਕਿਹਾ ਏ। ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਕਾਂਗਰਸ ਨੇਤਾ, ਅਧੀਰ ਰੰਜਨ ਚੌਧਰੀ ਵੱਲੋਂ SIR ਨਾਲ ਸਬੰਧਤ ਅਪੀਲਾਂ ਦੇ ਜਲਦੀ ਨਿਪਟਾਰੇ ਦੀ ਮੰਗ ਕਰਨ ਵਾਲੀ ਪਟੀਸ਼ਨ ਦਾ ਨੋਟਿਸ ਲਿਆ। ਅਗਲੀ ਸੁਣਵਾਈ, 25 ਅਗਸਤ ਨੂੰ ਹੋਵੇਗੀ।

---------------------------------------------------------------

ਸਰਕਾਰ ਨੇ ਦੱਸਿਆ ਏ ਕਿ ਫਰਵਰੀ 2024 ਵਿੱਚ ਸ਼ੁਰੂ ਹੋਈ 'ਪ੍ਰਧਾਨ ਮੰਤਰੀ ਸੂਰਿਆ ਘਰ ਮੁਫ਼ਤ ਬਿਜਲੀ ਯੋਜਨਾ' ਤਹਿਤ ਹੁਣ ਤੱਕ, 50 ਲੱਖ ਤੋਂ ਵੱਧ ਪਰਿਵਾਰਾਂ ਨੂੰ ਲਾਭ ਮਿਲਿਆ ਏ। ਅੱਜ ਲੋਕ ਸਭਾ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ, ਕੇਂਦਰੀ ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ, ਪ੍ਰਹਿਲਾਦ ਜੋਸ਼ੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ, ਦੇਸ਼ ਭਰ ਵਿੱਚ ਕੇਂਦਰੀ ਵਿੱਤੀ ਸਹਾਇਤਾ ਵਜੋਂ ਹੁਣ ਤੱਕ 28 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਸਬਸਿਡੀ ਜਾਰੀ ਕੀਤੀ ਗਈ ਏ। ਮੰਤਰੀ ਨੇ ਕਿਹਾ ਕਿ ਇਹ ਮੰਗ-ਅਧਾਰਿਤ ਯੋਜਨਾ ਏ, ਜਿਸ ਵਿੱਚ ਦੇਸ਼ ਦੇ ਸਾਰੇ ਰਿਹਾਇਸ਼ੀ ਖਪਤਕਾਰ, ਜਿਨ੍ਹਾਂ ਕੋਲ ਸਥਾਨਕ ਬਿਜਲੀ ਵੰਡ ਕੰਪਨੀ ਨਾਲ ਜੁੜਿਆ ਬਿਜਲੀ ਕੁਨੈਕਸ਼ਨ ਏ, ਛੱਤ 'ਤੇ ਸੋਲਰ ਸਿਸਟਮ ਲਗਾਉਣ ਲਈ ਇਸ ਯੋਜਨਾ ਦਾ ਲਾਭ ਲੈ ਸਕਦੇ ਨੇ। ਮੰਤਰੀ ਨੇ ਇਹ ਵੀ ਦੱਸਿਆ ਕਿ ਇਸ ਯੋਜਨਾ ਦਾ ਬਜਟ 2025-26 ਵਿੱਚ, 17 ਹਜ਼ਾਰ ਕਰੋੜ ਰੁਪਏ ਤੋਂ ਵਧਾ ਕੇ, 2026-27 ਲਈ 22 ਹਜ਼ਾਰ ਕਰੋੜ ਰੁਪਏ ਕਰ ਦਿੱਤਾ ਗਿਆ ਏ।

---------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਖੇਤੀਬਾੜੀ ਸਿੱਖਿਆ, ਖੋਜ ਅਤੇ ਵਿਹਾਰਕ ਸਿਖਲਾਈ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਏ । ਉਨ੍ਹਾਂ ਕਿਹਾ ਕਿ ਸਰਕਾਰ ਦੀ ਖੇਤੀਬਾੜੀ ਰਣਨੀਤੀ ਦੇ ਤਿੰਨ ਮੁੱਖ ਟੀਚੇ ਭੋਜਨ ਸੁਰੱਖਿਆ, ਪੋਸ਼ਣ ਅਤੇ ਕਿਸਾਨਾਂ ਦੀ

ਰੋਜ਼ੀ-ਰੋਟੀ ਨੇ. ਕੱਲ੍ਹ ਨਵੀਂ ਦਿੱਲੀ ਵਿੱਚ ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ ਦੇ ਵਿਦਿਆਰਥੀਆਂ ਲਈ ਸਕਾਲਰਸ਼ਿਪ ਅਤੇ ਫੈਲੋਸ਼ਿਪ ਲਈ ਰਾਸ਼ਟਰੀ ਸਕਾਲਰਸ਼ਿਪ ਪੋਰਟਲ ਨਾਲ ਜੁੜੇ ਸਿੱਧੇ ਲਾਭ ਤਬਾਦਲੇ (DBT) ਦੀ ਸ਼ੁਰੂਆਤ ਕਰਦਿਆਂ, ਸ਼੍ਰੀ ਚੌਹਾਨ ਨੇ ਜ਼ੋਰ ਦੇ ਕੇ ਕਿਹਾ ਏ ਕਿ, ਸਕਾਲਰਸ਼ਿਪ ਵਿਦਿਆਰਥੀਆਂ ਤੱਕ ਸਿੱਧਿਆਂ ਅਤੇ ਸਮੇਂ ਸਿਰ, ਪਹੁੰਚਣੀ ਚਾਹੀਦੀ ਏ।

---------------------------------------------------------

ਸਰਕਾਰ ਨੇ ਕਿਹਾ ਏ ਕਿ ਦੇਸ਼ ਭਰ ਵਿੱਚ, ਹੁਣ ਤੱਕ 10 ਕਰੋੜ 33 ਲੱਖ ਤੋਂ ਵੱਧ ਕਿਸਾਨ I.Ds ਬਣਾਈਆਂ ਜਾ ਚੁਕੀਆਂ ਨੇ। ਇਸ ਨਾਲ ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਯੋਜਨਾ, ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ, ਘੱਟੋ-ਘੱਟ ਸਮਰਥਨ ਮੁੱਲ-ਅਧਾਰਤ ਖਰੀਦ, ਕਰਜ਼ਾ ਵੰਡ ਅਤੇ ਆਫ਼ਤ ਰਾਹਤ ਸੇਵਾਵਾਂ ਵਰਗੀਆਂ, ਸਿੱਧੀਆਂ ਲਾਭ ਤਬਾਦਲਾ ਸਕੀਮਾਂ ਨੂੰ ਏਕੀਕ੍ਰਿਤ ਕਰਨ ਵਿੱਚ ਮਦਦ ਮਿਲਦੀ ਏ। ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ, ਰਾਮ ਨਾਥ ਠਾਕੁਰ ਨੇ ਇੱਕ ਲਿਖਤੀ ਜਵਾਬ ਵਿੱਚ ਕਿਹਾ ਕਿ ਕਿਸਾਨ, ਆਪਣੇ ਮੋਬਾਈਲ ਫੋਨ ਦੀ ਵਰਤੋਂ ਕਰਕੇ, ਖੁਦ ਕਿਸਾਨ I.D ਲਈ ਰਜਿਸਟਰ ਕਰ ਸਕਦੇ ਨੇ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਨੇ ਕਿਸਾਨਾਂ ਨੂੰ ਡਿਜੀਟਲ ਖੇਤੀਬਾੜੀ ਮਿਸ਼ਨ ਅਤੇ ਵੱਖ-ਵੱਖ ਕਿਸਾਨ-ਕੇਂਦ੍ਰਿਤ ਡਿਜੀਟਲ ਸੇਵਾਵਾਂ ਦੇ ਲਾਭਾਂ ਤੱਕ, ਆਸਾਨੀ ਨਾਲ ਪਹੁੰਚ ਕਰਨ ਵਿੱਚ ਮਦਦ ਕੀਤੀ ਏ।

---

ਭਾਰਤ ਦੇ 80ਵੇਂ ਆਜ਼ਾਦੀ ਦਿਵਸ ਦੇ ਮੱਦੇਨਜ਼ਰ, ਦੇਸ਼-ਵਿਆਪੀ 'ਹਰ ਘਰ ਤਿਰੰਗਾ' ਮੁਹਿੰਮ ਤਹਿਤ ਪੰਜਾਬ ਵਿੱਚ 'ਤਿਰੰਗਾ ਯਾਤਰਾ' ਕੱਢੀ ਗਈ। ਬੀਜੇਪੀ ਦੀ ਪੰਜਾਬ ਇਕਾਈ ਦੇ ਪ੍ਰਧਾਨ, ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਰੋਪੜ ਜ਼ਿਲ੍ਹੇ ਵਿੱਚ ਕੱਢੀ ਗਈ ਇਸ ਯਾਤਰਾ ਵਿੱਚ ਸੈਂਕੜੇ ਨੌਜਵਾਨਾਂ ਨੇ ਹਿੱਸਾ ਲਿਆ। ਉਨ੍ਹਾਂ ਨੇ ਆਪਣੇ ਹੱਥਾਂ ਵਿੱਚ ਰਾਸ਼ਟਰੀ ਝੰਡਾ ਫੜਿਆ ਹੋਇਆ ਸੀ ਅਤੇ ਦੇਸ਼ ਭਗਤੀ ਤੇ ਰਾਸ਼ਟਰੀ ਏਕਤਾ ਦਾ ਸੰਦੇਸ਼ ਦੇ ਰਹੇ ਸਨ।

ਚੰਡੀਗੜ੍ਹ ਪ੍ਰਸ਼ਾਸਨ ਨੇ ਵੀ "ਹਰ ਘਰ ਤਿਰੰਗਾ - ਵੰਦੇ ਮਾਤਰਮ ਦੇ 150 ਸਾਲ" ਮੁਹਿੰਮ ਦੇ ਹਿੱਸੇ ਵਜੋਂ ਇੱਕ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ। ਪ੍ਰਸ਼ਾਸਨ ਨੇ 17 ਅਗਸਤ ਤੱਕ ਕਈ 'ਜਨ ਭਾਗੀਦਾਰੀ' ਗਤੀਵਿਧੀਆਂ ਦੀ ਯੋਜਨਾ ਬਣਾਈ ਏ, ਜਿਨ੍ਹਾਂ ਵਿੱਚ ਸ਼ਹਿਰ ਅੰਦਰ ਸੱਭਿਆਚਾਰਕ ਪ੍ਰੋਗਰਾਮਾਂ ਅਤੇ ਪ੍ਰਦਰਸ਼ਨੀਆਂ ਤੋਂ ਇਲਾਵਾ ਤਿਰੰਗਾ ਰੈਲੀਆਂ, ਵਾਕਾਥੌਨ, ਬਾਈਕ ਅਤੇ ਕਾਰ ਰੈਲੀਆਂ, ਰੰਗੋਲੀ ਅਤੇ ਰੱਖੜੀ ਬਣਾਉਣ ਦੀਆਂ ਵਰਕਸ਼ਾਪਾਂ, ਤਿਰੰਗਾ ਮੇਲਾ ਅਤੇ ਨੁੱਕੜ ਨਾਟਕ ਸ਼ਾਮਲ ਨੇ।

---

ਦੇਸ਼ ਅੱਜ ਕ੍ਰਾਂਤੀਕਾਰੀ ਸੁਤੰਤਰਤਾ ਸੰਗਰਾਮੀ, ਖੁਦੀਰਾਮ ਬੋਸ ਦੇ 119ਵੇਂ ਬਲੀਦਾਨ ਦਿਵਸ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ. 1908

ਵਿੱਚ ਅੱਜ ਦੇ ਹੀ ਦਿਨ ਅੰਗਰੇਜ਼ਾਂ ਨੇ ਬੰਗਾਲ ਦੇ ਕ੍ਰਾਂਤੀਕਾਰੀ, ਖੁਦੀਰਾਮ ਬੋਸ ਨੂੰ ਫਾਂਸੀ ਦਿੱਤੀ ਸੀ। ਇਸ ਨੌਜਵਾਨ ਕ੍ਰਾਂਤੀਕਾਰੀ ਵੱਲੋਂ ਦਿੱਤੀ ਗਈ ਮਹਾਨ ਕੁਰਬਾਨੀ ਨੂੰ, ਨਮਨ ਕਰਨ ਲਈ, ਦੇਸ਼ ਭਰ ਵਿੱਚ ਵੱਖ-ਵੱਖ ਪ੍ਰੋਗਰਾਮ ਕਰਾਏ ਜਾ ਰਹੇ ਨੇ।

-----------------------------------------------------------

ਕੋਲੰਬੀਆ ਵਿੱਚ ਕੱਲ੍ਹ ਆਏ 7.4 ਤੀਬਰਤਾ ਦੇ ਸ਼ਕਤੀਸ਼ਾਲੀ ਭੂਚਾਲ ਵਿੱਚ, 132 ਲੋਕਾਂ ਦੀ ਮੌਤ ਹੋ ਗਈ ਏ ਅਤੇ 570 ਲੋਕ ਜ਼ਖ਼ਮੀ ਹੋ ਗਏ ਨੇ। ਭੂਚਾਲ ਕਾਰਨ ਸੈਂਕੜੇ ਇਮਾਰਤਾਂ ਨੂੰ ਨੁਕਸਾਨ ਪਹੁੰਚਿਆ ਏ ਅਤੇ ਕਈ ਲੋਕਾਂ ਦੇ ਮਲਬੇ ਹੇਠ ਦਬੇ ਹੋਣ ਦੀ ਖ਼ਬਰ ਏ। ਕੋਲੰਬੀਆ ਦੇ ਰਾਸ਼ਟਰਪਤੀ Abelardo de la Espriella ਨੇ ਰਾਹਤ ਅਤੇ ਬਚਾਅ ਕਾਰਜਾਂ ਵਿੱਚ, ਤੇਜ਼ੀ ਲਿਆਉਣ ਲਈ ਹੰਗਾਮੀ ਹਾਲਤ ਦਾ ਐਲਾਨ ਕੀਤਾ ਏ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਮਦਦ ਦਿੱਤੀ ਜਾ ਰਹੀ ਏ। ਗੁਆਂਢੀ ਦੇਸ਼ਾਂ Ecuador ਅਤੇ ਪਨਾਮਾ ਵਿੱਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ।

-----------------------------------------------------------

ਮਹਾਰਾਸ਼ਟਰ ਦੇ ਸਤਾਰਾ ਜ਼ਿਲ੍ਹੇ ਵਿੱਚ ਇੱਕ ਸੜਕ ਹਾਦਸੇ ਦੌਰਾਨ, ਦੋ ਲੋਕਾਂ ਦੀ ਮੌਤ ਹੋ ਗਈ ਅਤੇ ਦੋ ਹੋਰ ਜ਼ਖ਼ਮੀ ਹੋ ਗਏ। ਅੱਜ ਸਵੇਰੇ ਪੁਣੇ-ਬੈਂਗਲੁਰੂ ਰਾਸ਼ਟਰੀ ਸ਼ਾਹਰਾਹ 'ਤੇ ਇੱਕ ਕਾਰ, ਡਿਵਾਈਡਰ ਨਾਲ

ਟਕਰਾਉਣ ਤੋਂ ਬਾਅਦ, ਇੱਕ ਟਰੱਕ ਨਾਲ ਜਾ ਟਕਰਾਈ। ਪੁਲਿਸ ਅਨੁਸਾਰ, ਕਾਰ ਪੁਣੇ ਤੋਂ ਸਤਾਰਾ ਵੱਲ ਜਾ ਰਹੀ ਸੀ, ਜਦੋਂ ਡਰਾਈਵਰ ਦਾ ਗੱਡੀ 'ਤੇ ਕੰਟਰੋਲ ਨਾ ਰਿਹਾ।

---------------------------------------------------------------

- ਸੰਸਦ ਦੀਆਂ ਦੋਹਾਂ ਸਭਾਵਾਂ ਦੀ ਕਾਰਵਾਈ, ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਕਾਰਨ, ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਏ।

- NDA ਨੇ ਝਾਰਖੰਡ ਵਿੱਚ ਵਿਦਿਆਰਥੀਆਂ ਵਿਰੁੱਧ ਕਥਿਤ ਪੁਲਿਸ ਕਾਰਵਾਈ ਦੇ ਵਿਰੋਧ ਵਿੱਚ, ਅੱਜ ਸੰਸਦ ਕੰਪਲੈਕਸ ਵਿੱਚ ਇੱਕ ਮਾਰਚ ਕੱਢਿਆ।

- ਸਰਕਾਰ ਨੇ ਦੱਸਿਆ ਏ ਕਿ 'ਪ੍ਰਧਾਨ ਮੰਤਰੀ ਸੂਰਿਆ ਘਰ ਮੁਫ਼ਤ ਬਿਜਲੀ ਯੋਜਨਾ' ਤਹਿਤ ਹੁਣ ਤੱਕ 50 ਲੱਖ ਤੋਂ ਵੱਧ ਪਰਿਵਾਰਾਂ ਨੂੰ ਲਾਭ ਮਿਲਿਆ ਏ।

- ਸਰਕਾਰ ਨੇ ਕਿਹਾ ਏ ਕਿ ਦੇਸ਼ ਭਰ ਵਿੱਚ, ਹੁਣ ਤੱਕ 10 ਕਰੋੜ 33 ਲੱਖ ਤੋਂ ਵੱਧ ਕਿਸਾਨ I.Ds ਬਣਾਈਆਂ ਜਾ ਚੁਕੀਆਂ ਨੇ।

- ਕੋਲੰਬੀਆ ਵਿੱਚ ਆਏ 7.4 ਤੀਬਰਤਾ ਵਾਲੇ ਸ਼ਕਤੀਸ਼ਾਲੀ ਭੂਚਾਲ ਵਿੱਚ, 132 ਲੋਕਾਂ ਦੀ ਮੌਤ ਹੋ ਗਈ ਏ ਅਤੇ 570 ਹੋਰ ਜ਼ਖ਼ਮੀ ਹੋਏ ਨੇ।

---------------------------------------------------------------

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ, ਸ਼ਾਮੀ 6 ਵਜ ਕੇ 20 ਮਿੰਟ 'ਤੇ ਹੋਏਗਾ। ਨਮਸਕਾਰ!**